ਸੂਹੀ ਮਹਲਾ ੫ ॥ ਭਾਗਠੜੇ ਹਰਿ ਸੰਤ ਤੁਮ੍ਹ੍ਹਾਰੇ ਜਿਨ੍ਹ੍ਹ ਘਰਿ ਧਨੁ ਹਰਿ ਨਾਮਾ ॥ ਪਰਵਾਣੁ ਗਣੀ ਸੇਈ ਇਹ ਆਏ ਸਫਲ ਤਿਨਾ ਕੇ ਕਾਮਾ ॥੧॥ ਮੇਰੇ ਰਾਮ ਹਰਿ ਜਨ ਕੈ ਹਉ ਬਲਿ ਜਾਈ ॥ ਕੇਸਾ ਕਾ ਕਰਿ ਚਵਰੁ ਢੁਲਾਵਾ ਚਰਣ ਧੂੜਿ ਮੁਖਿ ਲਾਈ ॥੧॥ ਰਹਾਉ ॥ ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ ॥੨॥ ਸਚਾ ਅਮਰੁ ਸਚੀ ਪਾਤਿਸਾਹੀ ਸਚੇ ਸੇਤੀ ਰਾਤੇ ॥ ਸਚਾ ਸੁਖੁ ਸਚੀ ਵਡਿਆਈ ਜਿਸ ਕੇ ਸੇ ਤਿਨਿ ਜਾਤੇ ॥੩॥ ਪਖਾ ਫੇਰੀ ਪਾਣੀ ਢੋਵਾ ਹਰਿ ਜਨ ਕੈ ਪੀਸਣੁ ਪੀਸਿ ਕਮਾਵਾ ॥ ਨਾਨਕ ਕੀ ਪ੍ਰਭ ਪਾਸਿ ਬੇਨੰਤੀ ਤੇਰੇ ਜਨ ਦੇਖਣੁ ਪਾਵਾ ॥੪॥੭॥੫੪॥ {ਪੰਨਾ 749}

ਪਦਅਰਥ:- ਭਾਗਠੜੇ—ਭਾਗਾਂ ਵਾਲੇ। ਹਰਿ—ਹੇ ਹਰੀ! ਘਰਿ—ਹਿਰਦੇ-ਘਰ ਵਿਚ। ਗਣੀ—ਗਣੀਂ, ਮੈਂ ਗਿਣਦਾ ਹਾਂ।1।

ਕੈ—ਤੋਂ। ਬਲਿ ਜਾਈ—ਬਲਿ ਜਾਈਂ, ਮੈਂ ਸਦਕੇ ਜਾਂਦਾ ਹਾਂ। ਕਰਿ—ਬਣਾ ਕੇ। ਢੁਲਾਵਾ—ਢੁਲਾਵਾਂ, ਮੈਂ ਝੁਲਾਵਾਂ। ਮੁਖਿ—ਮੂੰਹ ਉਤੇ। ਲਾਈ—ਲਾਈਂ, ਮੈਂ ਲਾਵਾਂ।1। ਰਹਾਉ।

ਮਹਿ—ਵਿਚ। ਪਰਉਪਕਾਰੀ—ਦੂਜਿਆਂ ਦਾ ਭਲਾ ਕਰਨ ਵਾਲੇ। ਜੀਅ ਦਾਨੁ—ਆਤਮਕ ਜੀਵਨ ਦੀ ਦਾਤਿ। ਦੇ—ਦੇ ਕੇ। ਲਾਇਨਿ—ਲਾਂਦੇ ਹਨ। ਲੈਨਿ ਮਿਲਾਏ—ਮਿਲਾਇ ਲੈਨਿ, ਮਿਲਾ ਲੈਂਦੇ ਹਨ।2।

ਸਚਾ—ਸਦਾ ਕਾਇਮ ਰਹਿਣ ਵਾਲਾ। ਅਮਰੁ—ਹੁਕਮ। ਸਚੇ ਸੇਤੀ—ਸਦਾ-ਥਿਰ ਪ੍ਰਭੂ ਨਾਲ। ਰਾਤੇ—ਰੰਗੇ ਰਹਿੰਦੇ ਹਨ। ਜਿਸ ਕੇ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ} ਜਿਸ (ਪਰਮਾਤਮਾ) ਦੇ। ਸੇ—(ਬਣੇ ਹੋਏ) ਸਨ। ਤਿਨਿ—ਉਸ (ਪਰਮਾਤਮਾ) ਨੇ। ਜਾਤੇ—ਪਛਾਣੇ, ਡੂੰਘੀ ਸਾਂਝ ਪਾਈ।3।

ਫੇਰੀ—ਫੇਰੀਂ, ਮੈਂ ਫੇਰਾਂ। ਢੋਵਾ—ਢੋਵਾਂ, ਮੈਂ ਢੋਵਾਂ। ਜਨ ਕੈ—ਜਨਾਂ ਦੇ ਘਰ ਵਿਚ। ਪੀਸਣੁ—ਚੱਕੀ। ਪੀਸਿ—ਪੀਹ ਕੇ। ਕਮਾਵਾ—ਕਮਾਵਾਂ, ਮੈਂ ਸੇਵਾ ਕਰਾਂ। ਦੇਖਣੁ ਪਾਵਾ—ਦੇਖਣ ਪਾਵਾਂ, ਦੇਖ ਸਕਾਂ।4।

ਅਰਥ:- ਹੇ ਮੇਰੇ ਰਾਮ! (ਜੇ ਤੇਰੀ ਮੇਹਰ ਹੋਵੇ, ਤਾਂ) ਮੈਂ ਤੇਰੇ ਸੇਵਕਾਂ ਤੋਂ ਸਦਕੇ ਜਾਵਾਂ (ਆਪਣਾ ਸਭ ਕੁਝ ਵਾਰ ਦਿਆਂ), ਮੈਂ ਆਪਣੇ ਕੇਸਾਂ ਦਾ ਚੌਰ ਬਣਾ ਕੇ ਉਹਨਾਂ ਉਤੇ ਝੁਲਾਵਾਂ, ਮੈਂ ਉਹਨਾਂ ਦੇ ਚਰਨਾਂ ਦੀ ਧੂੜ ਲੈ ਕੇ ਆਪਣੇ ਮੱਥੇ ਉਤੇ ਲਾਵਾਂ।1। ਰਹਾਉ।

ਹੇ ਹਰੀ! ਤੇਰੇ ਸੰਤ ਜਨ ਬੜੇ ਭਾਗਾਂ ਵਾਲੇ ਹਨ ਕਿਉਂਕਿ ਉਹਨਾਂ ਦੇ ਹਿਰਦੇ-ਘਰ ਵਿਚ ਤੇਰਾ ਨਾਮ-ਧਨ ਵੱਸਦਾ ਹੈ। ਮੈਂ ਸਮਝਦਾ ਹਾਂ ਕਿ ਉਹਨਾਂ ਦਾ ਹੀ ਜਗਤ ਵਿਚ ਆਉਣਾ ਤੇਰੀਆਂ ਨਜ਼ਰਾਂ ਵਿਚ ਕਬੂਲ ਹੈ, ਉਹਨਾਂ ਸੰਤ ਜਨਾਂ ਦਾ ਸਾਰੇ (ਸੰਸਾਰਕ) ਕੰਮ (ਭੀ) ਸਿਰੇ ਚੜ੍ਹ ਜਾਂਦੇ ਹਨ।1।

ਹੇ ਭਾਈ! ਸੰਤ ਜਨ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦੇ, ਉਹ ਤਾਂ ਜਗਤ ਵਿਚ ਦੂਜਿਆਂ ਦੀ ਭਲਾਈ ਕਰਨ ਵਾਸਤੇ ਆਉਂਦੇ ਹਨ। ਸੰਤ ਜਨ (ਹੋਰਨਾਂ ਨੂੰ) ਆਤਮਕ ਜੀਵਨ ਦੀ ਦਾਤਿ ਦੇ ਕੇ ਪਰਮਾਤਮਾ ਦੀ ਭਗਤੀ ਵਿਚ ਜੋੜਦੇ ਹਨ, ਅਤੇ ਉਹਨਾਂ ਨੂੰ ਪਰਮਾਤਮਾ ਨਾਲ ਮਿਲਾ ਦੇਂਦੇ ਹਨ।2।

ਹੇ ਭਾਈ! ਸੰਤ ਜਨ ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਹੁਕਮ ਸਦਾ ਕਾਇਮ ਰਹਿੰਦਾ ਹੈ, ਉਹਨਾਂ ਦੀ ਪਾਤਿਸ਼ਾਹੀ ਭੀ ਅਟੱਲ ਰਹਿੰਦੀ ਹੈ। ਉਹਨਾਂ ਨੂੰ ਸਦਾ ਕਾਇਮ ਰਹਿਣ ਵਾਲਾ ਆਨੰਦ ਪ੍ਰਾਪਤ ਰਹਿੰਦਾ ਹੈ, ਉਹਨਾਂ ਦੀ ਸੋਭਾ ਸਦਾ ਲਈ ਟਿਕੀ ਰਹਿੰਦੀ ਹੈ। ਜਿਸ ਪਰਮਾਤਮਾ ਦੇ ਉਹ ਸੇਵਕ ਬਣੇ ਰਹਿੰਦੇ ਹਨ, ਉਹ ਪਰਮਾਤਮਾ ਹੀ ਉਹਨਾਂ ਦੀ ਕਦਰ ਜਾਣਦਾ ਹੈ।3।

ਹੇ ਭਾਈ! ਨਾਨਕ ਦੀ ਪਰਮਾਤਮਾ ਅੱਗੇ ਸਦਾ ਇਹੀ ਬੇਨਤੀ ਹੈ ਕਿ—ਹੇ ਪ੍ਰਭੂ! ਮੈਂ ਤੇਰੇ ਸੰਤ ਜਨਾਂ ਦਾ ਦਰਸਨ ਕਰਦਾ ਰਹਾਂ, ਮੈਂ ਉਹਨਾਂ ਨੂੰ ਪੱਖਾ ਝੱਲਦਾ ਰਹਾਂ, ਉਹਨਾਂ ਵਾਸਤੇ ਪਾਣੀ ਢੋਂਦਾ ਰਹਾਂ ਤੇ ਉਹਨਾਂ ਦੇ ਦਰ ਤੇ ਚੱਕੀ ਪੀਹ ਕੇ ਸੇਵਾ ਕਰਦਾ ਰਹਾਂ।4।7। 54।